ਤੀਰਥ ਅਤੇ ਤੀਰਥਾਂ ਦੀ ਯਾਤਰਾ

(ਲੇਖਕ: ਮਾ: ਜੁਗਿੰਦਰ ਸਿੰਘ)

ਤਤਕਰਾ/ਪਰਕਰਣ

੧. ਗੁਰੂ ਘਰ ਦੇ ਤੀਰਥ ਅਤੇ ਏਹਨਾਂ ਦੀ ਯਾਤਰਾ ਦਾ ਸੁਫ਼ਲ

੨. ਆਨਮਤਿ ਤੀਰਥ ਕੁਤੀਰਥ ਅਤੇ ਉਨ੍ਹਾਂ ਦੀ ਯਾਤਰਾ ਕੁਯਾਤਰਾ ਦਾ ਫਲ ਕੁਫਲ

੩. ਆਨਮਤ ਤੀਰਥਾਂ ਅਤੇ ਗੁਰੂ ਘਰ ਦੇ ਤੀਰਥਾਂ ਦੀ ਯਾਤਰਾ ਦਾ ਫ਼ਰਕ

(੧) ਗੁਰੂ ਘਰ ਦੇ ਤੀਰਥ ਅਤੇ ਇਨ੍ਹਾਂ ਦੀ ਯਾਤਰਾ ਦਾ ਸੁਫ਼ਲ

– ਸੁਣਿਐ ਸਤੁ ਸੰਤੋਖੁ ਗਿਆਨੁ॥ ਸੁਣਿਐ ਅਠਸਠਿ ਕਾ ਇਸਨਾਨੁ॥ (੩)

– ਹਉ ਸਤਿਗੁਰੁ ਸੇਵੀ ਆਪਣਾ ਇਕ ਮਨਿ ਇਕ ਚਿਤਿ ਭਾਇ॥
ਸਤਿਗੁਰੁ ਮਨ ਕਾਮਨਾ ਤੀਰਥੁ ਹੈ ਜਿਸ ਨੋ ਦੇਇ ਬੁਝਾਇ॥ (੨੬)

– ਗੁਰ ਪਰਸਾਦੀ ਮੁਖੁ ਊਜਲਾ ਜਪਿ ਨਾਮੁ ਦਾਨੁ ਇਸਨਾਨੁ॥
ਕਾਮੁ ਕ੍ਰੋਧੁ ਲੋਭੁ ਬਿਨਸਿਆ ਤਜਿਆ ਸਭੁ ਅਭਿਮਾਨੁ॥ (੪੬)

– ਕਰਿ ਸੰਗਤਿ ਤੂ ਸਾਧ ਕੀ ਅਠਸਠਿ ਤੀਰਥ ਨਾਉ॥ (੪੭)

– ਤੀਰਥ ਵਰਤ ਲਖ ਸੰਜਮਾ ਪਾਈਐ ਸਾਧੂ ਧੂਰਿ॥ (੪੮)

– ਅਉਸਰਿ ਹਰਿ ਜਸੁ ਗੁਣ ਰਮਣ ਜਿਤੁ ਕੋਟਿ ਮਜਨ ਇਸਨਾਨੁ॥
ਰਸਨਾ ਉਚਰੈ ਗੁਣਵਤੀ ਕੋਇ ਨ ਪੁਜੈ ਦਾਨੁ॥ (੪੯)

– ਗੁਰੁ ਤੀਰਥੁ ਗੁਰੁ ਪਾਰਜਾਤੁ ਗੁਰੁ ਮਨਸਾ ਪੂਰਣਹਾਰੁ॥ ਗੁਰੁ ਦਾਤਾ ਹਰਿ ਨਾਮੁ ਦੇਇ ਉਧਰੈ ਸਭੁ ਸੰਸਾਰੁ॥ (੫੨)

– ਗੁਰ ਕੇ ਚਰਣ ਸਰੇਵਣੇ ਤੀਰਥ ਹਰਿ ਨਾ ਨਾਉ॥ (੫੨)

– ਖਿਨੁ ਪਲੁ ਹਰਿ ਨਾਮੁ ਮਨਿ ਵਸੈ ਸਭ ਅਠਸਠਿ ਤੀਰਥ ਨਾਇ॥ (੮੭)

– ਸਤਿਗੁਰੁ ਹੈ ਅੰਮ੍ਰਿਤ ਸਰੁ ਸਾਚਾ ਮਨੁ ਨਾਵੈ ਮੈਲੁ ਚੁਕਾਵਣਿਆ॥ (੧੧੩)

– ਹਰਿ ਸਰੁ ਸਾਗਰੁ ਨਿਰਮਲੁ ਸੋਈ॥ ਸੰਤ ਚੁਗਹਿ ਨਿਤ ਗੁਰਮੁਖਿ ਹੋਈ॥
ਇਸਨਾਨੁ ਕਰਹਿ ਸਦਾ ਦਿਨੁ ਰਾਤੀ ਹਉਮੈ ਮੈਲੁ ਚੁਕਾਵਣਿਆ॥ (੧੨੮)

- ਮਾਘਿ ਮਜਨੁ ਸੰਗਿ ਸਾਧੂਆ ਧੂੜੀ ਕਰਿ ਇਸਨਾਨੁ॥ ਹਰਿ ਕਾ ਨਾਮੁ ਧਿਆਇ ਸੁਣਿ ਸਭਨਾ ਨੋ ਕਰਿ ਦਾਨੁ॥
ਜਨਮ ਕਰਮ ਮਲੁ ਉਤਰੈ ਮਨ ਤੇ ਜਾਇ ਗੁਮਾਨੁ॥ ਅਠਸਠਿ ਤੀਰਥ ਸਗਲ ਪੁੰਨ ਜੀਅ ਦਇਆ ਪਰਵਾਨੁ॥ (੧੩੫)

- ਤੀਰਥੁ ਪੂਰਾ ਸਤਿਗੁਰੂ ਜੋ ਅਨਦਿਨੁ ਹਰਿ ਹਰਿ ਨਾਮੁ ਧਿਆਏ॥ (੧੪੦)

- ਅਠਿਸਠਿ ਤੀਰਥ ਗੁਰ ਕੀ ਚਰਣੀ ਪੂਜੈ ਸਦਾ ਵਿਸੇਖੁ॥ (੧੪੭)

- ਜਤੁ ਸਤੁ ਤੀਰਥੁ ਮਜਨੁ ਨਾਮਿ॥ (੧੫੩)

- ਜਿਨ ਕਉ ਲਿਖਤੁ ਲਿਖੇ ਧੁਰਿ ਮਸਤਕਿ ਤੇ ਗੁਰ ਸੰਤੋਖ ਸਰਿ ਨਾਤੇ॥
ਦੁਰਮਤਿ ਮੈਲੁ ਗਈ ਸਭ ਤਿਨ ਕੀ ਜੋ ਰਾਮ ਨਾਮ ਰੰਗਿ ਰਾਤੇ॥ (੧੬੯)

- ਸੰਤ ਕ੍ਰਿਪਾ ਤੇ ਮਿਟੇ ਮੋਹ ਭਰਮ॥ ਸਾਧ ਰੇਣ ਮਜਨ ਸਭਿ ਧਰਮ॥ (੧੮੩)

- ਆਠ ਪਹਰ ਸਿਮਰਹੁ ਪ੍ਰਭ ਨਾਮੁ॥ ਅਨਿਕ ਤੀਰਥ ਮਜਨੁ ਇਸਨਾਨੁ॥ (੧੮੪)

- ਪੂਰਾ ਮਾਰਗੁ ਪੂਰਾ ਇਸਨਾਨੁ॥ ਸਭੁ ਕਿਛੁ ਪੂਰਾ ਹਿਰਦੈ ਨਾਮੁ॥ (੧੮੮)

- ਸੰਤ ਕਾ ਦਰਸੁ ਪੂਰਨ ਇਸਨਾਨੁ॥ ਸੰਤ ਕ੍ਰਿਪਾ ਤੇ ਜਪੀਐ ਨਾਮੁ॥ (੧੮੯)

- ਹਰਿ ਹਰਿ ਨਾਮਿ ਮਜਨੁ ਕਰਿ ਸੂਚੇ॥ ਕੋਟਿ ਗ੍ਰਹਣ ਪੁੰਨ ਫਲ ਮੂਚੇ॥ (੧੯੭)

- ਦਰਸਨੁ ਦੇਖਿ ਭਈ ਮਤਿ ਪੂਰੀ॥ ਅਠਸਠਿ ਮਜਨੁ ਚਰਨਹ ਧੂਰੀ॥ (੨੨੪)

- ਨਿਰਮਲ ਉਦਕੁ ਗੋਵਿੰਦ ਕਾ ਨਾਮ॥ ਮਜਨੁ ਕਰਤ ਪੂਰਨ ਸਭਿ ਕਾਮ॥ (੧੯੮)

- ਹਰਿ ਅੰਮ੍ਰਿਤ ਸਰੁ ਗੁਰਿ ਪੂਰਿਆ ਮਿਲਿ ਸੰਗਤੀ ਮਲੁ ਲਹਿ ਜਾਇ॥ (੨੩੪)

- ਗੁਰ ਕੀ ਰੇਣੁ ਨਿਤ ਮਜਨੁ ਕਰਉ॥ ਜਨਮ ਜਨਮ ਕੀ ਹਉਮੈ ਮਲੁ ਹਰਉ॥ (੨੩੯)

- ਗੁਰਦੇਵ ਤੀਰਥੁ ਅੰਮ੍ਰਿਤ ਸਰੋਵਰੁ ਗੁਰ ਗਿਆਨ ਮਜਨੁ ਅਪਰੰਪਰਾ॥
ਗੁਰਦੇਵ ਕਰਤਾ ਸਭਿ ਪਾਪ ਹਰਤਾ ਗੁਰਦੇਵ ਪਤਿਤ ਪਵਿਤ ਕਰਾ॥ (੨੬੨)

- ਪ੍ਰਭ ਕੈ ਸਿਮਰਨਿ ਤੀਰਥ ਇਸਨਾਨੀ॥ (੨੬੨)

- ਦੁਆਦਸੀ ਦਾਨੁ ਨਾਮੁ ਇਸਨਾਨੁ॥ ਹਰਿ ਕੀ ਭਗਤਿ ਕਰਹੁ ਤਜਿ ਮਾਨੁ॥ (੨੯੯)

- ਉਦਮੁ ਕਰੇ ਭਲਕੇ ਪਰਭਾਤੀ ਇਸਨਾਨੁ ਕਰੇ ਅੰਮ੍ਰਿਤ ਸਰਿ ਨਾਵੈ॥ (੩੦੫)

- ਨਾਇ ਵਿਸਰਿਐ ਧ੍ਰਿਗੁ ਜੀਵਣਾ ਤੂਟੇ ਕਚ ਧਾਗੇ॥ ਨਾਨਕ ਧੂੜਿ ਪੁਨੀਤ ਸਾਧ ਲਖ ਕੋਟਿ ਪਿਰਾਗੇ॥ (੩੨੨)

- ਹਰਿ ਜਸੁ ਲਿਖਹਿ ਲਾਇ ਭਾਵਨੀ ਸੇ ਹਸਤ ਪਵਿਤਾ॥ ਅਠਸਠਿ ਤੀਰਥ ਮਜਨਾ ਸਭਿ ਪੁੰਨ ਤਿਨਿ ਕਿਤਾ॥ (੩੨੨)

- ਗੰਗ ਬਨਾਰਸਿ ਸਿਫਤਿ ਤੁਮਾਰੀ ਨਾਵੈ ਆਤਮ ਰਾਉ॥ ਸਚਾ ਨਾਵਣੁ ਤਾਂ ਥੀਐ ਜਾਂ ਅਹਿਨਿਸਿ ਲਾਗੈ ਭਾਉ॥ (੩੫੮)

- ਅੰਤਰੁ ਨਿਰਮਲੁ ਅੰਮ੍ਰਿਤ ਸਰਿ ਨਾਏ॥ ਸਦਾ ਸੂਚੇ ਸਾਚਿ ਸਮਾਏ॥ (੩੬੩)

- ਅੰਤਰਿ ਗਿਆਨੁ ਮਹਾ ਰਸੁ ਸਾਰਾ॥ ਤੀਰਥ ਮਜਨੁ ਗੁਰ ਵੀਚਾਰਾ॥ (੪੧੧)

- ਅੰਤਰਿ ਨਾਵਣੁ ਸਾਚੁ ਪਛਾਣੈ॥ ਅੰਤਰ ਕੀ ਗਤਿ ਗੁਰਮੁਖਿ ਜਾਣੈ॥ (੪੧੪)

- ਹਰਿ ਚਰਣ ਰਿਦੈ ਵਸਾਇ ਤੂ ਕਿਲਵਿਖ ਹੋਵਹਿ ਨਾਸੁ॥
ਪੰਚ ਭੂ ਆਤਮਾ ਵਸਿ ਕਰਹਿ ਤਾ ਤੀਰਥ ਕਰਹਿ ਨਿਵਾਸੁ॥ (੪੯੧)

- ਇਹੁ ਮਨੁ ਕਾਸੀ ਸਭਿ ਤੀਰਥ ਸਿਮ੍ਰਿਤਿ ਸਤਿਗੁਰ ਦੀਆ ਬੁਝਾਇ॥
ਅਠਸਠਿ ਤੀਰਥ ਤਿਸੁ ਸੰਗਿ ਰਹਹਿ ਜਿਨ ਹਰਿ ਹਿਰਦੈ ਰਹਿਆ ਸਮਾਇ॥ (੪੯੧)

- ਅੰਮ੍ਰਿਤ ਸਰੁ ਸਤਿਗੁਰੁ ਸਤਿਵਾਦੀ ਜਿਤੁ ਨਾਤੈ ਕਊਆ ਹੰਸੁ ਹੋਹੈ॥
ਨਾਨਕ ਧਨੁ ਧੰਨੁ ਵਡੇ ਵਡਭਾਗੀ ਜਿਨ੍ ਗੁਰਮਤਿ ਨਾਮੁ ਰਿਦੈ ਮਲੁ ਧੋਹੈ॥ (੪੯੩)

- ਹਰਿ ਜਲੁ ਨਿਰਮਲੁ ਮਨੁ ਇਸਨਾਨੀ ਮਜਨੁ ਸਤਿਗੁਰੁ ਭਾਈ॥ (੫੦੫)

- ਅਠਸਠਿ ਤੀਰਥ ਮਜਨੁ ਕੀਨੋ ਸਾਧੂ ਧੂਰੀ ਨਾਤਾ॥ (੫੩੨)

- ਨਾਨਕ ਸਾਹਿਬੁ ਮਨਿ ਵਸੈ ਸਚਾ ਨਾਵਣੁ ਹੋਇ॥ (੧੪੬)

- ਪਤਿਤ ਪੁਨੀਤ ਅਸੰਖ ਹੋਹਿ ਹਰਿ ਚਰਣੀ ਮਨੁ ਲਾਗ॥
ਅਠਸਠਿ ਤੀਰਥ ਨਾਮੁ ਪ੍ਰਭ ਜਿਸੁ ਨਾਨਕ ਮਸਤਕਿ ਭਾਗ॥ (੫੧੮)

- ਪ੍ਰਭ ਕੇ ਚਰਨ ਮਨ ਮਾਹਿ ਧਿਆਨੁ॥ ਸਗਲ ਤੀਰਥ ਮਜਨ ਇਸਨਾਨੁ॥ (੧੯੫)

- ਕੋਟਿ ਮਜਨ ਕੀਨੋ ਇਸਨਾਨ॥ ਲਾਖ ਅਰਬ ਖਰਬ ਦੀਨੋ ਦਾਨੁ॥ ਜਾ ਮਨਿ ਵਸਿਓ ਹਰਿ ਕੋ ਨਾਮੁ॥ (੨੦੨)

- ਸਗਲ ਧਰਮ ਪਵਿਤ੍ਰ ਇਸਨਾਨੁ॥ ਸਭ ਮਹਿ ਊਚ ਬਿਸੇਖ ਗਿਆਨੁ॥ (੨੯੮)

- ਹਉਮੈ ਮੈਲੁ ਸਭ ਉਤਰੀ ਮੇਰੀ ਜਿੰਦੁੜੀਏ ਹਰਿ ਅੰਮ੍ਰਿਤਿ ਹਰਿ ਸਰਿ ਨਾਤੇ ਰਾਮ॥ (੫੩੯)

- ਹਰਿ ਚਰਣ ਸਰੋਵਰ ਤਹ ਕਰਹੁ ਨਿਵਾਸੁ ਮਨਾ॥ ਕਰਿ ਮਜਨੁ ਹਰਿ ਸਰੇ ਸਭਿ ਕਿਲਬਿਖ ਨਾਸੁ ਮਨਾ॥
ਕਰਿ ਸਦਾ ਮਜਨੁ ਗੋਬਿੰਦ ਸਜਨੁ ਦੁਖ ਅੰਧੇਰਾ ਨਾਸੇ॥ ਜਨਮ ਮਰਣੁ ਨ ਹੋਇ ਤਿਸ ਕਉ ਕਟੈ ਜਮ ਕੇ ਫਾਸੇ॥ (੫੪੪)

- ਸੰਤ ਜਨਾ ਮਿਲੁ ਸੰਗਤੀ ਗੁਰਮੁਖਿ ਤੀਰਥੁ ਹੋਇ॥ ਅਠਸਠਿ ਤੀਰਥ ਮਜਨਾ ਗੁਰ ਦਰਸੁ ਪਰਾਪਤਿ ਹੋਇ॥ (੫੯੭)

- ਜਨਮ ਜਨਮ ਕੇ ਕਿਲਬਿਖ ਨਾਸਹਿ ਕੋਟਿ ਮਜਨ ਇਸਨਾਨਾ॥
ਨਾਮੁ ਨਿਧਾਨੁ ਗਾਵਤ ਗੁਣ ਗੋਬਿੰਦ ਲਾਗੋ ਸਹਜਿ ਧਿਆਨਾ॥ (੫੩੧)

- ਹਰਿ ਅੰਮ੍ਰਿਤ ਬਾਣੀ ਗਾਵੈ॥ ਸਾਧਾ ਕੀ ਧੂਰੀ ਨਾਵੈ॥ (੬੨੩)

- ਰਾਮਦਾਸਿ ਸਰੋਵਰ ਨਾਤੇ॥ ਸਭ ਲਾਥੇ ਪਾਪ ਕਮਾਤੇ॥ (੬੨੪)

- ਨਾਨਕ ਗੁਰ ਸਮਾਨਿ ਤੀਰਥੁ ਨਹੀ ਕੋਈ ਸਾਚੇ ਗੁਰ ਗੋਪਾਲਾ॥ (੪੩੭)

- ਸੰਤ ਜਨਾ ਕੀ ਧੂਰਿ ਮਸਤਕਿ ਲਾਇਆ॥ ਨਾਨਕ ਭਏ ਪੁਨੀਤ ਹਰਿ ਤੀਰਥਿ ਨਾਇਆ॥ (੬੫੨)

- ਤੀਰਥਿ ਨਾਵਣ ਜਾਉ ਤੀਰਥੁ ਨਾਮੁ ਹੈ॥ ਤੀਰਥੁ ਸਬਦ ਬੀਚਾਰੁ ਅੰਤਰਿ ਗਿਆਨੁ ਹੈ॥
ਗੁਰ ਗਿਆਨੁ ਸਾਚਾ ਥਾਨੁ ਤੀਰਥੁ ਦਸ ਪੁਰਬ ਸਦਾ ਦਸਾਹਰਾ॥
ਹਉ ਨਾਮੁ ਹਰਿ ਕਾ ਸਦਾ ਜਾਚਉ ਦੇਹੁ ਪ੍ਰਭ ਧਰਣੀਧਰਾ॥ (੬੮੭)

- ਸੰਗਤਿ ਮੀਤ ਮਿਲਾਪੁ ਪੂਰਾ ਨਾਵਣੋ॥ ਗਾਵੈ ਗਾਵਣਹਾਰੁ ਸਬਦਿ ਸੁਹਾਵਣੋ॥
ਸਾਲਾਹਿ ਸਾਚੇ ਮੰਨਿ ਸਤਿਗੁਰੁ ਪੁੰਨ ਦਾਨ ਦਇਆ ਮਤੇ॥
ਪਿਰ ਸੰਗਿ ਭਾਵੈ ਸਹਜਿ ਨਾਵੈ ਬੇਣੀ ਤ ਸੰਗਮੁ ਸਤ ਸਤੇ॥ (੬੮੭)

- ਜਿਤਨੇ ਭਗਤ ਹਰਿ ਸੇਵਕਾ ਮੁਖਿ ਅਠਸਠਿ ਤੀਰਥ ਤਿਨ ਤਿਲਕੁ ਕਢਾਇ॥ (੭੩੩)

- ਕਾਮ ਕ੍ਰੋਧ ਲੋਭ ਮੋਹ ਤਜਾਰੀ॥ ਦ੍ਰਿੜੁ ਨਾਮ ਦਾਨੁ ਇਸਨਾਨੁ ਸੁਚਾਰੀ॥ (੭੪੦)

- ਸਚਾ ਤੀਰਥ ਜਿਤੁ ਸਤ ਸਰਿ ਨਾਵਣੁ ਗੁਰਮੁਖਿ ਆਪਿ ਬੁਝਾਏ॥
ਅਠਸਠਿ ਤੀਰਥੁ ਗੁਰ ਸਬਦਿ ਦਿਖਾਏ ਤਿਤੁ ਨਾਤੈ ਮਲੁ ਜਾਏ॥ (੭੫੩)

- ਹਰਿ ਧੂੜੀ ਨਾਈਐ ਪ੍ਰਭੂ ਧਿਆਈਐ ਬਾਹੁੜਿ ਜੋਨਿ ਨ ਆਈਐ॥ (੭੮੦)

- ਜਨ ਪਾਰਬ੍ਰਹਮ ਜਾ ਕੀ ਨਿਰਮਲ ਮਹਿਮਾ ਜਨ ਕੇ ਚਰਨ ਤੀਰਥ ਕੋਟਿ ਗੰਗਾ॥
ਜਨ ਕੀ ਧੂਰਿ ਕੀਓ ਮਜਨੁ ਨਾਨਕ ਜਨਮ ਜਨਮ ਕੇ ਹਰੇ ਕਲੰਗਾ॥ (੮੨੮)

- ਤਹ ਤੀਰਥ ਵਰਤ ਤਪ ਸਾਰੇ॥ ਗੁਰ ਮਿਲਿਆ ਹਰਿ ਨਿਸਤਾਰੇ॥ (੮੭੯)

- ਅਠਸਠਿ ਤੀਰਥ ਜਹ ਸਾਧ ਪਗ ਧਰਹਿ॥ ਤਹ ਬੈਕੁੰਠੁ ਜਹ ਨਾਮੁ ਉਚਰਹਿ॥ (੮੯੦)

- ਏਹੁ ਸਰੀਰੁ ਸਰਵਰੁ ਹੈ ਸੰਤਹੁ ਇਸਨਾਨੁ ਕਰੇ ਲਿਵ ਲਾਈ॥
ਨਾਮਿ ਇਸਨਾਨੁ ਕਰਹਿ ਸੇ ਜਨ ਨਿਰਮਲ ਸਬਦੇ ਮੈਲੁ ਗਵਾਈ॥ (੯੦੯)

- ਗੁਰਮੁਖਿ ਮਜਨੁ ਚਜੁ ਅਚਾਰੁ॥ ਗੁਰਮੁਖਿ ਸਬਦੁ ਅੰਮ੍ਰਿਤੁ ਹੈ ਸਾਰੁ॥ (੯੩੨)

- ਸਾਧੂ ਧੂਰਿ ਕਰਉ ਨਿਤ ਮਜਨੁ ਸਭ ਕਿਲਬਿਖ ਪਾਪ ਗਵਾਇਣ॥ (੯੭੯)

- ਦੁਰਮਤਿ ਮੈਲੁ ਗਈ ਸਭ ਨੀਕਰਿ ਹਰਿ ਅੰਮ੍ਰਿਤਿ ਹਰਿ ਸਰਿ ਨਾਤਾ॥ (੯੮੪)

- ਅਠਸਠਿ ਤੀਰਥ ਹਰਿ ਨਾਮੁ ਹੈ ਕਿਲਵਿਖ ਕਾਟਣਹਾਰਾ॥ (੧੦੦੯)

- ਬਿਨੁ ਨਾਵੈ ਮੈ ਅਵਰੁ ਨ ਦੀਸੈ ਨਾਵਹੁ ਗਤਿ ਮਿਤਿ ਪਾਈ ਹੇ॥
ਗੰਗਾ ਜਮੁਨਾ ਕੇਲ ਕੇਦਾਰਾ॥ ਕਾਸੀ ਕਾਂਤੀ ਪੁਰੀ ਦੁਆਰਾ॥
ਗੰਗਾ ਸਾਗਰੁ ਬੇਣੀ ਸੰਗਮੁ ਅਠਸਠਿ ਅੰਕਿ ਸਮਾਈ ਹੇ॥ (੧੦੨੧)

- ਪ੍ਰੀਤਮ ਗੁਣ ਅੰਕੇ ਸੁਣਿ ਪ੍ਰਭ ਬੰਕੇ ਤੁਧੁ ਭਾਵਾ ਸਰਿ ਨਾਵਾ॥
ਗੰਗ ਜਮੁਨ ਤਹ ਬੇਣੀ ਸੰਗਮ ਸਾਤ ਸਮੁੰਦ ਸਮਾਵਾ॥
ਪੁੰਨ ਦਾਨ ਪੂਜਾ ਪਰਮੇਸੁਰ ਜੁਗਿ ਜੁਗਿ ਏਕੋ ਜਾਤਾ॥
ਨਾਨਕ ਮਾਘਿ ਮਹਾ ਰਸੁ ਹਰਿ ਜਪਿ ਅਠਸਠਿ ਤੀਰਥ ਨਾਤਾ॥ (੧੧੦੯)

- ਤੀਰਥ ਬਰਤ ਨੇਮ ਸੁਚਿ ਸੰਜਮ ਸਦਾ ਰਹੈ ਨਿਹਕਾਮਾ॥
ਤ੍ਰਿਸਨਾ ਅਰੁ ਮਾਇਆ ਭ੍ਰਮੁ ਚੂਕਾ ਚਿਤਵਤ ਆਤਮ ਰਾਮਾ॥ (੧੧੨੩)

- ਗੰਗਾ ਜਲੁ ਗੁਰ ਗੋਬਿੰਦ ਨਾਮ॥ (੧੧੩੭)

- ਨਾਮੁ ਲੈਤ ਸਗਲ ਪੁਰਬਾਇਆ॥ ਨਾਮੁ ਲੈਤ ਅਠਸਠਿ ਮਜਨਾਇਆ॥ (੧੧੪੨)

- ਨਾਮੁ ਹਮਾਰੈ ਮਜਨ ਇਸਨਾਨੁ॥ (੧੧੪੫)

- ਨਾਨਕ ਸੇਵ ਅਪਾਰ ਦੇਵ ਤਟਹ ਖਟਹ ਬਰਤ ਪੂਜਾ ਗਵਨ ਭਵਨ ਜਾਤ੍ਰ ਕਰਨ ਸਗਲ ਫਲ ਪੁਨੀ॥ (੧੧੫੩)

- ਜਉ ਗੁਰ ਦੇਉ ਤ ਅਠਸਠਿ ਨਾਇਆ॥ (੧੧੬੭)

- ਤੀਰਥ ਸਿੰਮ੍ਰਿਤਿ ਪੁੰਨ ਦਾਨ ਕਿਛੁ ਲਾਹਾ ਮਿਲੈ ਦਿਹਾੜੀ॥
ਨਾਨਕ ਨਾਮੁ ਮਿਲੈ ਵਡਿਆਈ ਮੇਕਾ ਘੜੀ ਸਮ੍ਹਾਲੀ॥ (੧੧੯੧)

- ਵਡੈ ਭਾਗਿ ਸਤਸੰਗਤਿ ਪਾਈ ਹਰਿ ਹਰਿ ਨਾਮੁ ਰਹਿਆ ਭਰਪੂਰਿ॥
ਅਠਸਠਿ ਤੀਰਥ ਮਜਨੁ ਕੀਆ ਸਤਸੰਗਤਿ ਪਗ ਨਾਏ ਧੂਰਿ॥ (੧੧੯੮)

- ਸਤਸੰਗਤਿ ਕੀ ਰੇਣੁ ਮੁਖਿ ਲਾਗੀ ਕੀਏ ਸਗਲ ਤੀਰਥ ਮਜਨੀਠਾ॥ (੧੨੧੨)

- ਗੁਰ ਕੀ ਧੂਰਿ ਕਰਉ ਨਿਤ ਮਜਨੁ ਕਿਲਵਿਖ ਮੈਲੁ ਉਤਾਰਿਆ॥ (੧੨੧੮)

- ਸਿਮਰਨ ਰਾਮ ਕੋ ਇਕੁ ਨਾਮ॥ ਕਲਮਲ ਦਗਧ ਹੋਹਿ ਖਿਨ ਅੰਤਰਿ ਕੋਟਿ ਦਾਨ ਇਸਨਾਨ॥ (੧੨੨੧)

- ਸਚੁ ਵਰਤੁ ਸੰਤੋਖੁ ਤੀਰਥੁ ਗਿਆਨੁ ਧਿਆਨੁ ਇਸਨਾਨੁ॥
ਦਇਆ ਦੇਵਤਾ ਖਿਮਾ ਜਪਮਾਲੀ ਤੇ ਮਾਣਸ ਪਰਧਾਨ॥ (੧੨੪੫)

- ਸੇਵਉ ਸਾਧ ਸੰਤ ਚਰਨੇਰੈ॥ ਬਾਂਛਉ ਧੂਰਿ ਪਵਿਤ੍ਰ ਕਰੇਰੈ॥ ਅਠਸਠਿ ਮਜਨੁ ਮੈਲੁ ਕਟੇਰੈ॥ (੧੩੦੪)

- ਅੰਮ੍ਰਿਤੁ ਨੀਰੁ ਗਿਆਨਿ ਮਨ ਮਜਨੁ ਅਠਸਠਿ ਤੀਰਥ ਸੰਗਿ ਗਹੇ॥
ਗੁਰ ਉਪਦੇਸਿ ਜਵਾਹਰ ਮਾਣਕ ਸੇਵੇ ਸਿਖੁ ਸੁ ਖੋਜਿ ਲਹੈ॥ (੧੩੨੮)

- ਗੁਰ ਸਮਾਨਿ ਤੀਰਥੁ ਨਹੀ ਕੋਇ॥ ਸਰੁ ਸੰਤੋਖੁ ਤਾਸੁ ਗੁਰੁ ਹੋਇ॥ (੧੩੨੮)

- ਗੁਰੁ ਦਰੀਆਉ ਸਦਾ ਜਲੁ ਨਿਰਮਲੁ ਮਿਲਿਆ ਦੁਰਮਤਿ ਮੈਲੁ ਹਰੈ॥
ਸਤਿਗੁਰਿ ਪਾਇਐ ਪੂਰਾ ਨਾਵਣੁ ਪਸੂ ਪਰੇਤਹੁ ਦੇਵ ਕਰੈ॥ (੧੩੨੯)

- ਸਗਲੇ ਕਰਮ ਧਰਮ ਸੁਚਿ ਸੰਜਮ ਜਪ ਤਪ ਤੀਰਥ ਸਬਦਿ ਵਸੇ॥
ਨਾਨਕ ਸਤਿਗੁਰ ਮਿਲੈ ਮਿਲਾਇਆ ਦੂਖ ਪਰਾਛਤ ਕਾਲ ਨਸੇ॥ (੧੩੩੨)

- ਨਾਮਿ ਰਤੇ ਤੀਰਥ ਸੇ ਨਿਰਮਲ ਦੁਖੁ ਹਉਮੈ ਮੈਲੁ ਚੁਕਾਇਆ॥
ਨਾਨਕੁ ਤਿਨ ਕੇ ਚਰਨ ਪਖਾਲੈ ਜਿਨਾ ਗੁਰਮੁਖਿ ਸਾਚਾ ਭਾਇਆ॥ (੧੩੪੫)

- ਸੰਤ ਸਭਾ ਜੈਕਾਰੁ ਕਰਿ ਗੁਰਮੁਖਿ ਕਰਮ ਕਮਾਉ॥ ਨਿਰਮਲੁ ਨ੍ਹਾਵਣੁ ਨਾਨਕਾ ਗੁਰੁ ਤੀਰਥੁ ਦਰੀਆਉ॥ (੧੪੧੧)

- ਹਰਿ ਧਨੁ ਇਸਨਾਨੁ ਹਰਿ ਧਨੁ ਗਿਆਨੁ ਹਰਿ ਸੰਗਿ ਲਾਇ ਧਿਆਨਾ॥
ਹਰਿ ਧਨੁ ਤੁਲਹਾ ਹਰਿ ਧਨੁ ਬੇੜੀ ਹਰਿ ਹਰਿ ਤਾਰਿ ਪਰਾਨਾ॥ (੪੯੫)

- ਸਚੁ ਤੀਰਥੁ ਸਚੁ ਇਸਨਾਨੁ ਅਰੁ ਭੋਜਨੁ ਭਾਉ ਸਚੁ ਸਦਾ ਸਚੁ ਭਾਖੰਤੁ ਸੋਹੈ॥
ਸਚੁ ਪਾਇਓ ਗੁਰ ਸਬਦਿ ਸਚੁ ਨਾਮੁ ਸੰਗਤੀ ਬੋਹੈ॥ (੧੩੯੨)

(੨) ਆਨਮਤਿ ਤੀਰਥ ਕੁਤੀਰਥ ਅਤੇ ਉਨ੍ਹਾਂ ਦੀ ਯਾਤਰਾ ਕੁਯਾਤਰਾ ਦਾ ਫਲ ਕੁਫਲ

- ਸਤਗੁਰੁ ਪੁਰਖੁ ਨ ਮੰਨਿਓ ਸਬਦਿ ਨ ਲਗੋ ਪਿਆਰੁ॥ ਇਸਨਾਨੁ ਦਾਨੁ ਜੇਤਾ ਕਰਹਿ ਦੂਜੈ ਭਾਇ ਖੁਆਰੁ॥ (੩੪)

- ਜਪੁ ਤਪੁ ਸੰਜਮੁ ਸਾਧੀਐ ਤੀਰਥਿ ਕੀਚੈ ਵਾਸੁ॥ ਪੁੰਨ ਦਾਨ ਚੰਗਿਆਈਆ ਬਿਨੁ ਸਾਚੇ ਕਿਆ ਤਾਸੁ॥ (੫੬)

- ਤੀਰਥ ਨਾਤਾ ਕਿਆ ਕਰੇ ਮਨ ਮਹਿ ਮੈਲੁ ਗੁਮਾਨੁ॥ ਗੁਰ ਬਿਨੁ ਕਿਨਿ ਸਮਝਾਈਐ ਮਨੁ ਰਾਜਾ ਸੁਲਤਾਨੁ॥ (੬੧)

- ਸਾਸਤ ਸਿੰਮ੍ਰਿਤਿ ਬੇਦ ਚਾਰਿ ਮੁਖਾਗਰ ਬਿਚਰੇ॥ ਤਪੇ ਤਪੀਸਰ ਜੋਗੀਆ ਤੀਰਥਿ ਗਵਨੁ ਕਰੇ॥
ਖਟੁ ਕਰਮਾ ਤੇ ਦੁਗੁਣੇ ਪੂਜਾ ਕਰਤਾ ਨਾਇ॥ ਰੰਗੁ ਨ ਲਗੀ ਪਾਰਬ੍ਰਹਮ ਤਾ ਸਰਪਰ ਨਰਕੇ ਜਾਇ॥ (੭੦)

- ਬਾਹਰਿ ਮਲੁ ਧੋਵੈ ਮਨ ਕੀ ਜੂਠਿ ਨ ਜਾਏ॥ (੮੮)

- ਖਟੁ ਸਾਸਤ ਬਿਚਰਤ ਮੁਖਿ ਗਿਆਨਾ॥ ਪੂਜਾ ਤਿਲਕੁ ਤੀਰਥ ਇਸਨਾਨਾ॥
ਨਿਵਲੀ ਕਰਮ ਆਸਨ ਚਉਰਾਸੀਹ ਇਨ ਮਹਿ ਸਾਂਤਿ ਨ ਆਵੈ ਜੀਉ॥ (੯੮)

- ਇਹੁ ਮਨੁ ਮੈਲਾ ਇਕੁ ਨ ਧਿਆਏ॥ ਅੰਤਰਿ ਮੈਲੁ ਲਾਗੀ ਬਹੁ ਦੂਜੈ ਭਾਏ॥
ਤਟਿ ਤੀਰਥਿ ਦਿਸੰਤਰਿ ਭਵੈ ਅਹੰਕਾਰੀ ਹੋਰੁ ਵਧੇਰੈ ਹਉਮੈ ਮਲੁ ਲਾਵਣਿਆ॥ (੧੧੬)

– ਵਸਤ੍ਰ ਪਖਾਲਿ ਪਖਾਲੇ ਕਾਇਆ ਆਪੇ ਸੰਜਮਿ ਹੋਵੈ॥
ਅੰਤਰਿ ਮੈਲੁ ਲਗੀ ਨਹੀ ਜਾਣੈ ਬਾਹਰਹੁ ਮਲਿ ਮਲਿ ਧੋਵੈ॥ (੧੩੯)

– ਤੀਰਥਿ ਨਾਇ ਅਰੁ ਧਰਨੀ ਭ੍ਰਮਤਾ ਆਗੈ ਠਉਰ ਨ ਪਾਵੈ॥
ਊਹਾ ਕਾਮਿ ਨ ਆਵੈ ਇਹ ਬਿਧਿ ਓਹੁ ਲੋਗਨ ਹੀ ਪਤੀਆਵੈ॥ (੨੧੬)

– ਹਉਮੈ ਮੈਲਾ ਇਹੁ ਸੰਸਾਰਾ॥ ਨਿਤ ਤੀਰਥਿ ਨਾਵੈ ਨ ਜਾਇ ਅਹੰਕਾਰਾ॥
ਬਿਨ ਗੁਰ ਭੇਟੇ ਜਮੁ ਕਰੇ ਖੁਆਰਾ॥ (੨੩੦)

– ਪੁੰਨ ਦਾਨ ਅਨੇਕ ਨਾਵਣ ਕਿਉ ਅੰਤਰ ਮਲੁ ਧੋਵੈ॥ (੨੪੩)

– ਛੰਛਾ ਖਟੁ ਸਾਸਤ੍ਰ ਹੋਇ ਛਿਆਤਾ॥ ਪੂਰਕੁ ਕੁੰਭਕ ਰੇਚਕ ਕਰਮਾਤਾ॥
ਛਿਆਨ ਧਿਆਨ ਤੀਰਥ ਇਸਨਾਨੀ॥ ਸੋਮਪਾਕ ਅਪਰਸ ਉਦਿਆਨੀ॥
ਰਾਮ ਨਾਮ ਸੰਗਿ ਮਨਿ ਨਹੀ ਹੇਤਾ॥ ਜੋ ਕਛੁ ਕੀਨੋ ਸੋਊ ਅਨੇਤਾ॥ (੨੫੩)

– ਮਨ ਕਾਮਨਾ ਤੀਰਥ ਦੇਹ ਛੁਟੈ॥ ਗਰਬੁ ਗੁਮਾਨੁ ਨ ਮਨ ਤੇ ਹੁਟੈ॥
ਸੋਚ ਕਰੈ ਦਿਨਸੁ ਅਰੁ ਰਾਤਿ॥ ਮਨ ਕੀ ਮੈਲੁ ਨ ਤਨ ਤੇ ਜਾਤਿ॥ (੨੬੫)
– ਬਾਹਰਿ ਗਿਆਨ ਧਿਆਨ ਇਸਨਾਨ॥ ਅੰਤਰਿ ਬਿਆਪੈ ਲੋਭੁ ਸੁਆਨੁ॥ (੨੬੭)

– ਸੰਧਿਆ ਪ੍ਰਾਤ ਇਸ੍ਨਾਨੁ ਕਰਾਹੀ॥ ਜਿਉ ਭਏ ਦਾਦੁਰ ਪਾਨੀ ਮਾਹੀ॥
ਜਉ ਪੈ ਰਾਮ ਰਾਮ ਰਤਿ ਨਾਹੀ॥ ਤੇ ਸਭਿ ਧਰਮ ਰਾਇ ਕੈ ਜਾਹੀ॥ (੩੨੪)

– ਤਟਿ ਤੀਰਥਿ ਨਹੀ ਮਨੁ ਪਤੀਆਇ॥ ਚਾਰ ਅਚਾਰ ਰਹੇ ਉਰਝਾਇ॥ (੩੨੫)

– ਅਨਿਕ ਜਲਾ ਜੇ ਧੋਵੈ ਦੇਹੀ॥ ਮੈਲੁ ਨ ਉਤਰੈ ਸੁਧੁ ਨ ਤੇਹੀ॥ (੨੦੦)

– ਬਾਹਰੁ ਉਦਕਿ ਪਖਾਰੀਐ ਘਟ ਭੀਤਰਿ ਬਿਬਿਧਿ ਬਿਕਾਰ॥
ਸੁਧ ਕਵਨ ਪਰ ਹੋਇਬੋ ਸੁਚ ਕੁੰਚਰ ਬਿਧਿ ਬਿਉਹਾਰ॥ (੩੪੬)

– ਸਾਸਤ ਬੇਦ ਸਿੰਮ੍ਰਿਤਿ ਬਹੁ ਭੇਦ॥ ਅਠਸਠਿ ਮਜਨੁ ਹਰਿ ਰਸੁ ਰੇਦ॥ (੩੫੩)

– ਇਕਿ ਤਪਸੀ ਬਨ ਮਹਿ ਤਪੁ ਕਰਹਿ ਨਿਤ ਤੀਰਥ ਵਾਸਾ॥ ਆਪੁ ਨ ਚੀਨਹਿ ਤਾਮਸੀ ਕਾਹੇ ਭਏ ਉਦਾਸਾ॥ (੪੧੯)

– ਮਨਮੁਖ ਪਥਰੁ ਸੈਲੁ ਹੈ ਧ੍ਰਿਗੁ ਜੀਵਣੁ ਫੀਕਾ॥ ਜਲ ਮਹਿ ਕੇਤਾ ਰਾਖੀਐ ਅਭ ਅੰਤਰਿ ਸੂਕਾ (੪੧੯)

– ਬਹੁ ਤੀਰਥ ਭਵਿਆ॥ ਤੇਤੋ ਲਵਿਆ॥ (੪੬੭)

– ਅੰਦਰਹੁ ਝੂਠੇ ਪੈਜ ਬਾਹਰਿ ਦੁਨੀਆ ਅੰਦਰਿ ਫੈਲੁ॥ ਅਠਸਠਿ ਤੀਰਥ ਜੇ ਨਾਵਹਿ ਉਤਰੈ ਨਾਹੀ ਮੈਲੁ॥ (੪੭੩)

– ਜੋਗੀ ਜਤੀ ਤਪੀ ਸੰਨਿਆਸੀ ਬਹੁ ਤੀਰਥ ਭ੍ਰਮਨਾ॥ ਲੁੰਜਿਤ ਮੁੰਜਿਤ ਮੋਨਿ ਜਟਾਧਰ ਅੰਤਿ ਤਊ ਮਰਨਾ॥
ਤਾ ਤੇ ਸੇਵੀਅਲੇ ਰਾਮਨਾ॥ (੪੭੬)

– ਅੰਤਰਿ ਮੈਲੁ ਜੇ ਤੀਰਥ ਨਾਵੈ ਤਿਸੁ ਬੈਕੁੰਠ ਨ ਜਾਨਾਂ॥ ਲੋਕ ਪਤੀਣੇ ਕਛੂ ਨ ਹੋਵੈ ਨਾਹੀ ਰਾਮੁ ਅਯਾਨਾ॥ (੪੮੪)

– ਜਲ ਕੈ ਮਜਨਿ ਜੇ ਗਤਿ ਹੋਵੈ ਨਿਤ ਨਿਤ ਮੇਂਡੁਕ ਨਾਵਹਿ॥
ਜੈਸੇ ਮੇਂਡੁਕ ਤੈਸੇ ਓਇ ਨਰ ਫਿਰਿ ਫਿਰਿ ਜੋਨੀ ਆਵਹਿ॥ (੪੮੪)

– ਅਨੇਕ ਤੀਰਥ ਜੇ ਜਤਨ ਕਰੈ ਤਾ ਅੰਤਰ ਕੀ ਹਉਮੈ ਕਦੇ ਨ ਜਾਇ॥
ਜਿਸੁ ਨਰ ਕੀ ਦੁਬਿਧਾ ਨ ਜਾਇ ਧਰਮ ਰਾਇ ਤਿਸੁ ਦੇਇ ਸਜਾਇ॥ (੪੯੧)

– ਅਠਸਠਿ ਮਜਨੁ ਕਰਿ ਇਸਨਾਨਾ ਭ੍ਰਮਿ ਆਏ ਧਰ ਸਾਰੀ॥
ਅਨਿਕ ਸੋਚ ਕਰਹਿ ਦਿਨ ਰਾਤੀ ਬਿਨੁ ਸਤਿਗੁਰ ਅੰਧਿਆਰੀ॥ (੪੯੫)

– ਕਾਇ ਕਮੰਡਲੁ ਕਾਪੜੀਆ ਰੇ ਅਠਸਠਿ ਕਾਇ ਫਿਰਾਹੀ॥
ਬਦਤਿ ਤ੍ਰਿਲੋਚਨੁ ਸੁਨੁ ਰੇ ਪ੍ਰਾਣੀ ਕਣ ਬਿਨੁ ਗਾਹੁ ਕਿ ਪਾਹੀ॥ (੫੨੬)

– ਮੋਨਿ ਭਇਓ ਕਰਪਾਤੀ ਰਹਿਓ ਨਗਨ ਫਿਰਿਓ ਬਨ ਮਾਹੀ॥
ਤਟ ਤੀਰਥ ਸਭ ਧਰਤੀ ਭ੍ਰਮਿਓ ਦੁਬਿਧਾ ਛੁਟਕੈ ਨਾਹੀ॥ (੬੪੧)

– ਮਕਰ ਪ੍ਰਾਗਿ ਦਾਨੁ ਬਹੁ ਕੀਆ ਸਰੀਰੁ ਦੀਓ ਅਧ ਕਾਟਿ॥
ਬਿਨੁ ਹਰਿ ਨਾਮ ਕੋ ਮੁਕਤਿ ਨ ਪਾਵੈ ਬਹੁ ਕੰਚਨੁ ਦੀਜੈ ਕਟਿ ਕਾਟ॥ (੯੮੬)

– ਭੇਖਧਾਰੀ ਭੇਖ ਕਰਿ ਥਕੇ ਅਠਿਸਠਿ ਤੀਰਥ ਨਾਇ॥ ਮਨ ਕੀ ਸਾਰ ਨ ਜਾਣਨੀ ਹਉਮੈ ਭਰਮਿ ਭੁਲਾਇ॥ (੬੪੪)

– ਪੂਜਾ ਵਰਤ ਤਿਲਕ ਇਸਨਾਨਾ ਪੁੰਨ ਦਾਨ ਬਹੁ ਦੈਨ॥ ਕਹੂੰ ਨ ਭੀਜੈ ਸੰਜਮ ਸੁਆਮੀ ਬੋਲਹਿ ਮੀਠੇ ਬੈਨ॥ (੬੭੪)

– ਨਾਵਣ ਚਲੇ ਤੀਰਥੀ ਮਨਿ ਖੋਟੈ ਤਨਿ ਚੋਰ॥ ਇਕੁ ਭਾਉ ਲਥੀ ਨਾਤਿਆ ਦੁਇ ਭਾ ਚੜੀਅਸੁ ਹੋਰ॥ (੭੮੬)

– ਤੀਰਥ ਨਾਇ ਨ ਉਤਰਸਿ ਮੈਲੁ॥ ਕਰਮ ਧਰਮ ਸਭਿ ਹਉਮੈ ਫੈਲੁ॥
ਲੋਕ ਪਚਾਰੈ ਗਤਿ ਨਹੀ ਹੋਇ॥ ਨਾਮ ਬਿਹੂਣੇ ਚਲਸਹਿ ਰੋਇ॥ (੮੯੦)

– ਨਾਵਹਿ ਧੋਵਹਿ ਪੂਜਹਿ ਸੈਲਾ॥ ਬਿਨੁ ਹਰਿ ਰਾਤੇ ਮੈਲੋ ਮੈਲਾ॥ (੯੦੪)

– ਤੀਰਥ ਕਰੈ ਬ੍ਰਤ ਫੁਨਿ ਰਾਖੈ ਨਹ ਮਨੂਆ ਬਸਿ ਜਾ ਕੋ॥
ਨਿਹਫਲ ਧਰਮੁ ਤਾਹਿ ਤੁਮ ਮਾਨਹੁ ਸਾਚੁ ਕਹਤ ਮੈ ਯਾ ਕਉ॥ (੮੩੧)

– ਜੈਸੇ ਪਾਹਨੁ ਜਲ ਮਹਿ ਰਾਖਿਓ ਭੇਦੈ ਨਾਹਿ ਤਿਹ ਪਾਨੀ॥
ਤੈਸੇ ਹੀ ਤੁਮ ਤਾਹਿ ਪਛਾਨਹੁ ਭਗਤਿ ਹੀਨ ਜੋ ਪ੍ਰਾਨੀ॥ (੮੩੧)

– ਸੰਨਿਆਸੀ ਹੋਇ ਕੈ ਤੀਰਥਿ ਭ੍ਰਮਿਓ ਉਸੁ ਮਹਿ ਕ੍ਰੋਧੁ ਬਿਗਾਨਾ॥ (੧੦੦੩)

– ਭੇਖੀ ਹਾਥ ਨ ਲਭਈ ਤੀਰਥਿ ਨਹੀ ਦਾਨੇ॥ (੧੦੧੨)

– ਤੀਰਥਿ ਨਾਇ ਕਹਾ ਸੁਚਿ ਸੈਲੁ॥ ਮਨ ਕਉ ਵਿਆਪੈ ਹਉਮੈ ਮੈਲੁ॥ (੧੧੪੯)

- ਤੀਰਥਿ ਭਰਮੈ ਰੋਗੁ ਨ ਛੂਟਸਿ ਪੜਿਆ ਬਾਦੁ ਬਿਬਾਦੁ ਭਇਆ॥ (੧੧੫੩)

- ਬਿਨੁ ਨਾਵੈ ਜਿ ਕਰਮ ਕਮਾਵਣੇ ਨਿਤ ਹਉਮੈ ਹੋਇ ਖੁਆਰੁ॥
ਜਲਿ ਹਸਤੀ ਮਲਿ ਨਾਵਾਲੀਐ ਸਿਰਿ ਭੀ ਫਿਰਿ ਪਾਵੈ ਛਾਰੁ॥ (੧੩੧੪)

- ਪਾਪ ਕਰਹਿ ਪੰਚਾਂ ਕੇ ਬਸਿ ਰੇ॥ ਤੀਰਥਿ ਨਾਇ ਕਹਹਿ ਸਭਿ ਉਤਰੇ॥
ਬਹੁਰਿ ਕਮਾਵਹਿ ਹੋਇ ਨਿਸੰਕ॥ ਜਮ ਪੁਰਿ ਬਾਂਧਿ ਖਰੇ ਕਾਲੰਕ॥ (੧੩੪੮)
- ਕਬੀਰ ਠਾਕੁਰੁ ਪੂਜਹਿ ਮੋਲਿ ਲੇ ਮਨਹਠਿ ਤੀਰਥ ਜਾਹਿ॥
ਦੇਖਾ ਦੇਖੀ ਸ੍ਵਾਂਗੁ ਧਰਿ ਭੂਲੇ ਭਟਕਾ ਖਾਹਿ॥ (੧੩੭੧)

- ਜਗਿ ਹਉਮੈ ਮੈਲੁ ਦੁਖੁ ਪਾਇਆ ਮਲੁ ਲਾਗੀ ਦੂਜੈ ਭਾਇ॥ ਮਲੁ ਹਉਮੈ ਧੋਤੀ ਕਿਵੈ ਨ ਉਤਰੈ ਜੇ ਸਉ ਤੀਰਥ ਨਾਇ॥
ਬਹੁ ਬਿਧਿ ਕਰਮ ਕਮਾਵਦੇ ਦੂਣੀ ਮਲੁ ਲਾਗੀ ਆਇ॥ (੩੯)

- ਅਠਸਠਿ ਤੀਰਥ ਭਰਮਿ ਵਿਗੂਚਹਿ ਕਿਉ ਮਲੁ ਧੋਪੈ ਪਾਪੈ॥ (੧੦੧੩)

(੩) ਆਨਮਤ ਤੀਰਥਾਂ ਅਤੇ ਗੁਰੂ ਘਰ ਦੇ ਤੀਰਥਾਂ ਦੀ ਯਾਤਰਾ ਦਾ ਫ਼ਰਕ

- ਤੀਰਥ ਵਰਤ ਸੁਚਿ ਸੰਜਮੁ ਨਾਹੀ ਕਰਮੁ ਧਰਮੁ ਨਹੀ ਪੂਜਾ॥
ਨਾਨਕ ਭਾਇ ਭਗਤਿ ਨਿਸਤਾਰਾ ਦੁਬਿਧਾ ਵਿਆਪੈ ਦੂਜਾ॥ (੭੫)

- ਮਨਮੁਖ ਕਰਮ ਕਰੇ ਅਹੰਕਾਰੀ ਸਭੁ ਦੁਖੋ ਦੁਖੁ ਕਮਾਇ॥
ਨਾਨਕ ਮੈਲਾ ਊਜਲੁ ਤਾ ਥੀਐ ਜਾ ਸਤਿਗੁਰ ਮਾਹਿ ਸਮਾਇ॥ (੮੭)

- ਜੇ ਅਗੈ ਤੀਰਥੁ ਹੋਇ ਤਾ ਮਲੁ ਲਹੈ ਛਪੜਿ ਨਾਤੈ ਸਗਵੀ ਮਲੁ ਲਾਏ॥
ਤੀਰਥੁ ਪੂਰਾ ਸਤਿਗੁਰੂ ਜੋ ਅਨਦਿਨੁ ਹਰਿ ਹਰਿ ਨਾਮੁ ਧਿਆਏ॥ (੧੪੦)

- ਕਾਹੂ ਤੀਰ ਕਾਹੂ ਨੀਰ ਕਾਹੂ ਬੇਦ ਬੀਚਾਰ॥ ਨਾਨਕਾ ਭਗਤਿ ਪ੍ਰਿਅ ਹੋ॥ (੨੧੩)

- ਕਹਿ ਕਬੀਰ ਹਉ ਭਇਆ ਉਦਾਸੁ॥ ਤੀਰਥੁ ਬਡਾ ਕਿ ਹਰਿ ਕਾ ਦਾਸੁ॥ (੩੩੧)

- ਪੋਥੀ ਪੰਡਿਤ ਬੇਦ ਖੋਜੰਤਾ ਜੀਉ॥ ਹੋਇ ਬੈਰਾਗੀ ਤੀਰਥਿ ਨਾਵੰਤਾ ਜੀਉ॥
ਗੀਤ ਨਾਦ ਕੀਰਤਨੁ ਗਾਵੰਤਾ ਜੀਉ॥ ਹਰਿ ਨਿਰਭਉ ਨਾਮੁ ਧਿਆਈ ਜੀਉ॥ (੨੧੬)

- ਦਿਨਸੁ ਰੈਣਿ ਬਰਤ ਅਰੁ ਭੇਦਾ॥ ਸਾਸਤ ਸਿੰਮ੍ਰਿਤਿ ਬਿਨਸਹਿਗੇ ਬੇਦਾ॥
ਤੀਰਥ ਦੇਵ ਦੇਹੁਰਾ ਪੋਥੀ॥ ਮਾਲਾ ਤਿਲਕੁ ਸੋਚ ਪਾਕ ਹੋਤੀ॥
ਧੋਤੀ ਡੰਡਉਤਿ ਪਰਸਾਦਨ ਭੋਗਾ॥ ਗਵਨੁ ਕਰੈਗੋ ਸਗਲੋ ਲੋਗਾ॥.....॥
ਸਹਜ ਸਿਫਤਿ ਭਗਤਿ ਤਤੁ ਗਿਆਨਾ॥ ਸਦਾ ਅਨੰਦੁ ਨਿਹਚਲੁ ਸਚੁ ਥਾਨਾ॥ (੨੩੭)

- ਤੀਰਥਿ ਜਾਉ ਤ ਹਉ ਹਉ ਕਰਤੇ॥ ਪੰਡਿਤ ਪੂਛਉ ਤ ਮਾਇਆ ਰਾਤੇ॥
ਸੋ ਅਸਥਾਨੁ ਬਤਾਵਹੁ ਮੀਤਾ॥ ਜਾ ਕੈ ਹਰਿ ਹਰਿ ਕੀਰਤਨੁ ਨੀਤਾ॥ (੩੮੫)

- ਵਰਤ ਨੇਮ ਮਜਨ ਤਿਸੁ ਪੂਜਾ॥ ਬੇਦ ਪੁਰਾਨ ਤਿਨਿ ਸਿੰਮ੍ਰਿਤਿ ਸੁਨੀਜਾ॥
ਮਹਾ ਪੁਨੀਤ ਜਾ ਕਾ ਨਿਰਮਲ ਥਾਨੁ॥ ਸਾਧਸੰਗਤਿ ਜਾ ਕੈ ਹਰਿ ਹਰਿ ਨਾਮੁ॥ (੩੯੩)

- ਲਖ ਨੇਕੀਆ ਚੰਗਿਆਈਆ ਲਖ ਪੁੰਨਾ ਪਰਵਾਣੁ॥ ਲਖ ਤਪ ਉਪਰਿ ਤੀਰਥਾਂ ਸਹਜ ਜੋਗ ਬੇਬਾਣ॥ .....
ਨਾਨਕ ਮਤੀ ਮਿਥਿਆ ਕਰਮੁ ਸਚਾ ਨੀਸਾਣੁ॥ (੪੬੭)

- ਕਾਇਆ ਕੂੜਿ ਵਿਗਾੜਿ ਕਾਹੇ ਨਾਈਐ॥ ਨਾਤਾ ਸੋ ਪਰਵਾਣੁ ਸਚੁ ਕਮਾਈਐ॥ (੫੬੫)

- ਅੰਤਰਿ ਮੈਲੁ ਲੋਭ ਬਹੁ ਝੂਠੇ ਬਾਹਰਿ ਨਾਵਹੁ ਕਾਹੀ ਜੀਉ॥
ਨਿਰਮਲ ਨਾਮੁ ਜਪਹੁ ਸਦ ਗੁਰਮੁਖਿ ਅੰਤਰ ਕੀ ਗਤਿ ਤਾਹੀ ਜੀਉ॥ (੫੯੮)

- ਜਲਿ ਮਲਿ ਕਾਇਆ ਮਾਜੀਐ ਭਾਈ ਭੀ ਮੈਲਾ ਤਨੁ ਹੋਇ॥
ਗਿਆਨਿ ਮਹਾ ਰਸਿ ਨਾਈਐ ਭਾਈ ਮਨੁ ਤਨੁ ਨਿਰਮਲੁ ਹੋਇ॥ (੬੩੭)

- ਭੇਖਧਾਰੀ ਤੀਰਥੀ ਭਵਿ ਥਕੇ ਨਾ ਏਹੁ ਮਨੁ ਮਾਰਿਆ ਜਾਇ॥
ਗੁਰਮੁਖਿ ਏਹੁ ਮਨੁ ਜੀਵਤੁ ਮਰੈ ਸਚਿ ਰਹੈ ਲਿਵ ਲਾਇ॥ (੬੫੦)

- ਪੂਜਿ ਸਿਲਾ ਤੀਰਥ ਬਨ ਵਾਸਾ॥ ਭਰਮਤ ਡੋਲਤ ਭਏ ਉਦਾਸਾ॥
ਮਨਿ ਮੈਲੈ ਸੂਚਾ ਕਿਉ ਹੋਇ॥ ਸਾਚਿ ਮਿਲੈ ਪਾਵੈ ਪਤਿ ਸੋਇ॥ (੬੮੬)

- ਜੇਤੇ ਰੇ ਤੀਰਥ ਨਾਏ ਅਹੰਬੁਧਿ ਮੈਲੁ ਲਾਏ ਘਰ ਕੋ ਠਾਕੁਰੁ ਇਕੁ ਤਿਲੁ ਨ ਮਾਨੈ॥
ਕਦਿ ਪਾਵਉ ਸਾਧਸੰਗੁ ਹਰਿ ਹਰਿ ਸਦਾ ਆਨੰਦੁ ਗਿਆਨ ਅੰਜਨਿ ਮੇਰਾ ਮਨੁ ਇਸਨਾਨੈ॥ (੬੮੭)

- ਸਗਲ ਅਸ੍ਰਮ ਕੀਨੇ ਮਨੂਆ ਨਹ ਪਤੀਨੇ ਬਿਬੇਕਹੀਨ ਦੇਹੀ ਧੋਏ॥
ਕੋਈ ਪਾਈਐ ਰੇ ਪੁਰਖੁ ਬਿਧਾਤਾ ਪਾਰਬ੍ਰਹਮ ਕੈ ਰੰਗਿ ਰਾਤਾ ਮੇਰੇ ਮਨ ਕੀ ਦੁਰਮਤਿ ਮਲੁ ਖੋਏ॥ (੬੮੭)

- ਸਭਿ ਤੀਰਥ ਵਰਤ ਜਗ ਪੁੰਨ ਤੁਲਾਹਾ॥ ਹਰਿ ਹਰਿ ਨਾਮ ਨ ਪੁਜਹਿ ਪੁਜਾਹਾ॥
ਸਭਿ ਕਰਮ ਧਰਮ ਹਰਿ ਨਾਮੁ ਜਪਾਹਾ॥ ਕਿਲਵਿਖ ਮੈਲੁ ਪਾਪ ਧੋਵਾਹਾ॥ (੬੯੬)

- ਕੋਟਿ ਦਾਨ ਇਸਨਾਨੰ ਅਨਿਕ ਸੋਧਨ ਪਵਿਤ੍ਰਤਹ॥
ਉਚਰੰਤਿ ਨਾਨਕ ਹਰਿ ਹਰਿ ਰਸਨਾ ਸਰਬ ਪਾਪ ਬਿਮੁਚਤੇ॥ (੭੦੬)

- ਰਾਮ ਸੰਗਿ ਨਾਮਦੇਵ ਜਨ ਕਉ ਪ੍ਰਤਗਿਆ ਆਈ॥ ਏਕਾਦਸੀ ਬ੍ਰਤੁ ਰਹੈ ਕਾਹੇ ਕਉ ਤੀਰਥ ਜਾਈ॥ (੭੧੮)

- ਜਤੁ ਸੰਜਮ ਤੀਰਥ ਓਨਾ ਜੁਗਾ ਕਾ ਧਰਮੁ ਹੈ ਕਲਿ ਮਹਿ ਕੀਰਤਿ ਹਰਿ ਨਾਮਾ॥ (੭੯੭)

- ਅਸੁਮੇਧ ਜਗਨੇ॥ ਤੁਲਾ ਪੁਰਖ ਦਾਨੇ॥ ਪ੍ਰਾਗ ਇਸਨਾਨੇ॥ ਤਉ ਨ ਪੁਜਹਿ ਹਰਿ ਕੀਰਤਿ ਨਾਮਾ॥ (੮੭੩)

- ਕੋਈ ਨਾਵੈ ਤੀਰਥਿ ਕੋਈ ਹਜ ਜਾਇ॥ ਕੋਈ ਕਰੈ ਪੂਜਾ ਕੋਈ ਸਿਰੁ ਨਿਵਾਇ॥.....॥
ਕਹੁ ਨਾਨਕ ਜਿਨਿ ਹੁਕਮੁ ਪਛਾਤਾ॥ ਪ੍ਰਭ ਸਾਹਿਬ ਕਾ ਤਿਨਿ ਭੇਦੁ ਜਾਤਾ॥ (੮੮੫)

- ਅੰਤਰਿ ਮੈਲੁ ਤੀਰਥ ਭਰਮੀਜੈ॥ ਮਨੁ ਨਹੀ ਸੂਚਾ ਕਿਆ ਸੋਚ ਕਰੀਜੈ॥ .....॥
ਰਾਮ ਨਾਮ ਬਿਨੁ ਕਿਆ ਕਰਮੁ ਕੀਜੈ॥ (੯੦੫)

- ਪਾਠ ਪੜੈ ਲੇ ਲੋਕ ਸੁਣਾਵੈ॥ ਤੀਰਥਿ ਭਰਮਸਿ ਬਿਆਧਿ ਨ ਜਾਵੈ॥ ਨਾਮ ਬਿਨਾ ਕੈਸੇ ਸੁਖੁ ਪਾਵੈ॥ (੯੦੫)

- ਤੀਰਥ ਬਰਤ ਨੇਮ ਸੁਚਿ ਸੰਜਮ ਰਵਿ ਸਸਿ ਗਹਨੈ ਦੇਉ ਰੇ॥
ਸੁਰਤਿ ਪਿਆਲ ਸੁਧਾ ਰਸੁ ਅੰਮ੍ਰਿਤੁ ਏਹੁ ਮਹਾ ਰਸੁ ਪੇਉ ਰੇ॥ (੯੬੯)

- ਤੀਰਥ ਦੇਖਿ ਨ ਜਲ ਮਹਿ ਪੈਸਉ ਜੀਅ ਜੰਤ ਨ ਸਤਾਵਉਗੋ॥
ਅਠਸਠਿ ਤੀਰਥ ਗੁਰੂ ਦਿਖਾਏ ਘਟ ਹੀ ਭੀਤਰਿ ਨ੍ਹਾਉਗੋ॥ (੯੭੩)

- ਬਾਨਾਰਸੀ ਤਪੁ ਕਰੈ ਉਲਟਿ ਤੀਰਥ ਮਰੈ ਅਗਨਿ ਦਹੈ ਕਾਇਆ ਕਲਪੁ ਕੀਜੈ॥
ਅਸੁਮੇਧ ਜਗੁ ਕੀਜੈ ਸੋਨਾ ਗਰਭ ਦਾਨੁ ਦੀਜੈ ਰਾਮ ਨਾਮ ਸਰਿ ਤਊ ਨ ਪੂਜੈ॥
ਗੰਗਾ ਜਉ ਗੋਦਾਵਰਿ ਜਾਈਐ ਕੁੰਭਿ ਜਉ ਕੇਦਾਰ ਨ੍ਹਾਈਐ ਗੋਮਤੀ ਸਹਸ ਗਊ ਦਾਨੁ ਕੀਜੈ॥
ਕੋਟਿ ਜਉ ਤੀਰਥ ਕਰੈ ਤਨੁ ਜਉ ਹਿਵਾਲੇ ਗਾਰੈ ਰਾਮ ਨਾਮ ਸਰਿ ਤਊ ਨ ਪੂਜੈ॥ (੯੭੩)

- ਇਕਿ ਜਪ ਤਪ ਕਰਿ ਕਰਿ ਤੀਰਥ ਨਾਵਹਿ॥ ਜਿਉ ਤੁਧੁ ਭਾਵੈ ਤਿਵੈ ਚਲਾਵਹਿ॥
ਹਠਿ ਨਿਗ੍ਰਹਿ ਅਪਤੀਜੁ ਨ ਭੀਜੈ ਬਿਨੁ ਹਰਿ ਗੁਰ ਕਿਨਿ ਪਤਿ ਪਾਈ ਹੇ॥ (੧੦੨੪)

- ਇਕਿ ਤੀਰਥਿ ਨਾਵਹਿ ਅੰਨੁ ਨ ਖਾਵਹਿ॥ ਇਕਿ ਅਗਨਿ ਜਲਾਵਹਿ ਦੇਹ ਖਪਾਵਹਿ॥
ਰਾਮ ਨਾਮ ਬਿਨੁ ਮੁਕਤਿ ਨ ਹੋਈ ਕਿਤੁ ਬਿਧਿ ਪਾਰਿ ਲੰਘਾਈ ਹੇ॥ (੧੦੨੫)

- ਡੰਡ ਕਮੰਡਲ ਸਿਖਾ ਸੂਤੁ ਧੋਤੀ ਤੀਰਥਿ ਗਵਨੁ ਅਤਿ ਭ੍ਰਮਨੁ ਕਰੈ॥
ਰਾਮ ਨਾਮ ਬਿਨੁ ਸਾਂਤਿ ਨ ਆਵੈ ਜਪਿ ਹਰਿ ਹਰਿ ਨਾਮੁ ਸੁ ਪਾਰਿ ਪਰੈ॥ (੧੧੨੭)

- ਹਜ ਕਾਬੈ ਜਾਉ ਨ ਤੀਰਥ ਪੂਜਾ॥ ਏਕੋ ਸੇਵੀ ਅਵਰੁ ਨ ਦੂਜਾ॥ (੧੧੩੬)

- ਹੋਮ ਜਗ ਜਪ ਤਪ ਸਭਿ ਸੰਜਮ ਤਟਿ ਤੀਰਥਿ ਨਹੀ ਪਾਇਆ॥
ਮਿਟਿਆ ਆਪੁ ਪਏ ਸਰਣਾਈ ਗੁਰਮੁਖਿ ਨਾਨਕ ਜਗਤੁ ਤਰਾਇਆ॥ (੧੧੩੯)

- ਗੰਗਾ ਕਾ ਉਦਕੁ ਕਰੰਤੇ ਕੀ ਆਗਿ॥ ਗਰੁੜਾ ਖਾਣਾ ਦੁਧ ਸਿਉ ਗਾਡਿ॥
ਰੇ ਮਨ ਲੇਖੈ ਕਬਹੂ ਨ ਪਾਇ॥ ਜਾਮਿ ਨ ਭੀਜੈ ਸਾਚ ਨਾਇ॥ (੧੧੬੮)

- ਜਿਸੁ ਜੀਉ ਅੰਤਰੁ ਮੈਲਾ ਹੋਇ॥ ਤੀਰਥ ਭਵੈ ਦਿਸੰਤਰ ਲੋਇ॥
ਨਾਨਕ ਮਿਲੀਐ ਸਤਿਗੁਰ ਸੰਗ॥ ਤਉ ਭਵਜਲ ਕੇ ਤੂਟਸਿ ਬੰਧ॥ (੧੧੬੯)

- ਨ ਭੀਜੈ ਰੂਪੀ ਮਾਲੀ ਰੰਗਿ॥ ਨ ਭੀਜੈ ਤੀਰਥਿ ਭਵਿਐ ਨੰਗਿ॥
ਲੇਖਾ ਲਿਖੀਐ ਮਨ ਕੈ ਭਾਇ॥ ਨਾਨਕ ਭੀਜੈ ਸਾਚੈ ਨਾਇ॥ (੧੨੩੭)

- ਮੋਹਨੀ ਮੋਹਤ ਰਹੈ ਨ ਹੋਰੀ॥ .....॥ ਖਟੁ ਸਾਸਤ੍ਰ ਉਚਰਤ ਰਸਨਾਗਰ ਤੀਰਥ ਗਵਨ ਨ ਥੋਰੀ॥
ਪੂਜਾ ਚਕ੍ਰ ਬਰਤ ਨੇਮ ਤਪੀਆ ਊਹਾ ਗੈਲਿ ਨ ਛੋਰੀ॥.....॥
ਸਾਧਸੰਗਤਿ ਨਾਨਕੁ ਭਇਓ ਮੁਕਤਾ ਦਰਸਨੁ ਪੇਖਤ ਭੋਰੀ॥ (੧੨੧੬)

- ਪੰਡਿਤ ਮੋਨੀ ਪੜਿ ਪੜਿ ਥਕੇ ਭੇਖ ਥਕੇ ਤਨੁ ਧੋਇ॥ ਬਿਨੁ ਸਬਦੈ ਕਿਨੈ ਨ ਪਾਇਓ ਦੁਖੀਏ ਚਲੇ ਰੋਇ॥ (੧੨੫੦)

- ਬਰਤ ਨੇਮ ਤੀਰਥ ਸਹਿਤ ਗੰਗਾ॥ ਜਲੁ ਹੇਵਤ ਭੂਖ ਅਰੁ ਨੰਗਾ॥ .....॥
ਹਉ ਰੋਗੁ ਬਿਆਪੈ ਚੁਕੈ ਨ ਭੰਗਾ॥ .....॥ ਸੋ ਮੁਕਤੁ ਨਾਨਕ ਜਿਸੁ ਸਤਿਗੁਰੁ ਚੰਗਾ॥ (੧੩੦੫)

- ਜਨਮ ਜਨਮ ਕੀ ਹਉਮੈ ਮਲੁ ਲਾਗੀ ਮਿਲਿ ਸੰਗਤਿ ਮਲੁ ਲਹਿ ਜਾਵੈਗੋ॥.....॥
ਬਿਨੁ ਸੰਗਤਿ ਕਰਮ ਕਰੈ ਅਭਿਮਾਨੀ ਕਢਿ ਪਾਣੀ ਚੀਕੜੁ ਪਾਵੈਗੋ॥ (੧੩੦੯)

- ਗੰਗਾ ਜਮੁਨਾ ਗੋਦਾਵਰੀ ਸਰਸੁਤੀ ਤੇ ਕਰਹਿ ਉਦਮੁ ਧੂਰਿ ਸਾਧੂ ਕੀ ਤਾਈ॥
ਕਿਲਵਿਖ ਮੈਲੁ ਭਰੇ ਪਰੇ ਹਮਰੈ ਵਿਚਿ ਹਮਰੀ ਮੈਲੁ ਸਾਧੂ ਕੀ ਧੂਰਿ ਗਵਾਈ॥
ਤੀਰਥਿ ਅਠਸਠਿ ਮਜਨੁ ਨਾਈ॥ ਸਤਸੰਗਤਿ ਕੀ ਧੂਰਿ ਪਰੀ ਉਡਿ ਨੇੜ੍ਹੀ ਸਭ ਦੁਰਮਤਿ ਮੈਲੁ ਗਵਾਈ॥
ਜਾਹਰਨਵੀ ਤਪੈ ਭਾਗੀਰਥਿ ਆਣੀ ਕੇਦਾਰੁ ਥਾਪਿਓ ਮਹਸਾਈ॥
ਕਾਂਸੀ ਕ੍ਰਿਸਨੁ ਚਰਾਵਤ ਗਾਊ ਮਿਲਿ ਹਰਿ ਜਨ ਸੋਭਾ ਪਾਈ॥
ਜਿਤਨੇ ਤੀਰਥ ਦੇਵੀ ਥਾਪੇ ਸਭਿ ਤਿਤਨੇ ਲੋਚਹਿ ਧੂਰਿ ਸਾਧੂ ਕੀ ਤਾਈ॥
ਹਰਿ ਕਾ ਸੰਤੁ ਮਿਲੈ ਗੁਰ ਸਾਧੂ ਲੈ ਤਿਸ ਕੀ ਧੂਰਿ ਮੁਖਿ ਲਾਈ॥
ਜਿਤਨੀ ਸ੍ਰਿਸਟਿ ਤੁਮਰੀ ਮੇਰੇ ਸੁਆਮੀ ਸਭ ਤਿਤਨੀ ਲੋਚੈ ਧੂਰਿ ਸਾਧੂ ਕੀ ਤਾਈ॥
ਨਾਨਕ ਲਿਲਾਟਿ ਹੋਵੈ ਜਿਸੁ ਲਿਖਿਆ ਤਿਸੁ ਸਾਧੂ ਧੂਰਿ ਦੇ ਹਰਿ ਪਾਰਿ ਲੰਘਾਈ॥ (੧੨੬੩)

- ਸਭਿ ਤੀਰਥ ਬਰਤ ਜਗੁ ਪੁੰਨ ਕੀਏ ਹਿਵੈ ਗਾਲਿ ਗਾਲਿ ਤਨੁ ਛੀਜੈ॥
ਅਤੁਲਾ ਤੋਲੁ ਰਾਮ ਨਾਮੁ ਹੈ ਗੁਰਮਤਿ ਕੋ ਪੁਜੈ ਨ ਤੋਲ ਤੁਲੀਜੈ॥ (੧੩੨੫)

- ਮਨਮੁਖ ਜੂਠਿ ਨ ਉਤਰੈ ਜੇ ਸਉ ਧੋਵਣ ਪਾਇ॥ ਨਾਨਕ ਗੁਰਮੁਖਿ ਮੇਲਿਅਨੁ ਗੁਰ ਕੈ ਅੰਕਿ ਸਮਾਇ॥ (੧੪੧੮)

– ਮਨਮੁਖੁ ਸਦਾ ਬਗੁ ਮੈਲਾ ਹਉਮੈ ਮਲੁ ਲਾਈ॥ ਇਸਨਾਨੁ ਕਰੈ ਪਰੁ ਮੈਲੁ ਨ ਜਾਈ॥
ਜੀਵਤੁ ਮਰੈ ਗੁਰ ਸਬਦੁ ਬੀਚਾਰੈ ਹਉਮੈ ਮੈਲੁ ਚੁਕਾਵਣਿਆ॥ (੧੨੯)

– ਬੇਦ ਪੁਰਾਣ ਕਥੇ ਸੁਣੇ ਹਾਰੇ ਮੁਨੀ ਅਨੇਕਾ॥ ਅਠਸਿਠ ਤੀਰਥ ਬਹੁ ਘਣਾ ਭ੍ਰਮਿ ਥਾਕੇ ਭੇਖਾ॥
ਸਾਚੋ ਸਾਹਿਬੁ ਨਿਰਮਲੋ ਮਨਿ ਮਾਨੈ ਏਕਾ॥ (੧੦੦੮)

– ਗੰਗਾ ਗਇਆ ਗੋਦਾਵਰੀ ਸੰਸਾਰ ਕੇ ਕਾਮਾ॥ ਨਾਰਾਇਣੁ ਸੁਪ੍ਰਸੰਨ ਹੋਇ ਤ ਸੇਵਕੁ ਨਾਮਾ॥ (੧੧੯੫)

– ਕਬੀਰ ਗੰਗਾ ਤੀਰ ਜੁ ਘਰੁ ਕਰਹਿ ਪੀਵਹਿ ਨਿਰਮਲ ਨੀਰੁ॥
ਬਿਨੁ ਹਰਿ ਭਗਤਿ ਨ ਮੁਕਤਿ ਹੋਇ ਇਉ ਕਹਿ ਰਮੇ ਕਬੀਰ॥ (੧੩੬੭)

– ਅਲਹੁ ਏਕੁ ਮਸੀਤਿ ਬਸਤੁ ਹੈ ਅਵਰੁ ਮੁਲਖੁ ਕਿਸੁ ਕੇਰਾ॥
ਹਿੰਦੂ ਮੂਰਤਿ ਨਾਮ ਨਿਵਾਸੀ ਦੁਹ ਮਹਿ ਤਤੁ ਨ ਹੇਰਾ॥ .....
ਦਖਨ ਦੇਸਿ ਹਰੀ ਕਾ ਬਾਸਾ ਪਛਿਮਿ ਅਲਹ ਮੁਕਾਮਾ॥
ਦਿਲ ਮਹਿ ਖੋਜਿ ਦਿਲੈ ਦਿਲਿ ਖੋਜਹੁ ਏਹੀ ਠਉਰ ਮੁਕਾਮਾ॥ .....
ਕਹਾ ਉਡੀਸੇ ਮਜਨੁ ਕੀਆ ਕਿਆ ਮਸੀਤਿ ਸਿਰੁ ਨਾਂਏਂ॥
ਦਿਲ ਮਹਿ ਕਪਟੁ ਨਿਵਾਜ ਗੁਜਾਰੈ ਕਿਆ ਹਜ ਕਾਬੈ ਜਾਂਏਂ॥ .....
ਕਹਤੁ ਕਬੀਰੁ ਸੁਨਹੁ ਨਰ ਨਰਵੈ ਪਰਹੁ ਏਕ ਕੀ ਸਰਨਾ॥
ਕੇਵਲ ਨਾਮੁ ਜਪਹੁ ਰੇ ਪ੍ਰਾਨੀ ਤਬ ਹੀ ਨਿਹਚੈ ਤਰਨਾ॥ (੧੩੪੯)

– ਜੋਗੀ ਹੋਵੈ ਜੋਗਵੈ ਭੋਗੀ ਹੋਵੈ ਖਾਇ॥ ਤਪੀਆ ਹੋਵੈ ਤਪੁ ਕਰੇ ਤੀਰਥਿ ਮਲਿ ਮਲਿ ਨਾਇ॥ .....
ਨਾਨਕ ਕੰਮਿ ਨ ਆਵਈ ਜਿਤੁ ਤਨਿ ਨਾਹੀ ਸਚਾ ਨਾਉ॥ (੭੩੦)